ਸ਼ਹੀਦ ਭਗਤ ਸਿੰਘ ਨਗਰ ਅਜੀਤ, ਜਲੰਧਰ **ਅਜੀਤ** ਸੋਮਵਾਰ, 20 ਅਕਤੂਬਰ 2025 12



ਪਿੰਡ ਭਲਿਆਲਾ ਵਿਖੇ ਪੰਛੀਆਂ ਨੂੰ ਫੜਨ ਵਾਲੇ ਕਾਬੂ ਕੀਤੇ ਗਏ ਦੋ ਵਿਅਕਤੀ ਪਿੰਡ ਵਾਸੀਆਂ ਨਾਲ। ਤਸਵੀਰ : ਹਰਮੇਲ ਸਿੰਘ ਖੱਖ

# ਭਲਿਆਲਾ ਵਾਸੀਆਂ ਨੇ ਤੋਤੇ ਫੜਦੇ ਦੋ ਵਿਅਕਤੀ ਕੀਤੇ ਕਾਬੂ

ਹਰਿਆਣਾ, 19 ਅਕਤੂਬਰ (ਹਰਮੇਲ ਸਿੰਘ ਖੱਖ)-ਪਿੰਡ ਭਲਿਆਲਾ ਵਾਸੀਆਂ ਵਲੋਂ ਤੋਤਿਆਂ (ਪੰਛੀਆਂ) ਨੂੰ ਜਾਲ ਰਾਹੀਂ ਫੜਦੇ ਦੋ ਵਿਅਕਤੀਆਂ ਨੂੰ ਕਾਬੂ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸੰਬੰਧੀ ਸਰਪੰਚ ਰਾਜ ਕੁਮਾਰੀ ਭਲਿਆਲਾ ਨੇ ਦੱਸਿਆ ਕਿ ਹਰਦੇਵ ਸਿੰਘ, ਯੋਧਾ ਮੱਲ, ਹਰਮਨ ਧਾਮੀ ਤੇ ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਪਿਛਲੇ ਕੁੱਝ ਸਮੇਂ ਤੋਂ ਇਹ ਵਿਅਕਤੀ ਜਾਲ ਵਿਛਾ ਕੇ ਤੋਤਿਆਂ ਨੂੰ ਫੜਦੇ ਸਨ ਤੇ ਉਨ੍ਹਾਂ ਨੂੰ ਮਾਰ ਕੇ ਖਾਂਦੇ ਸਨ, ਜਿਨ੍ਹਾਂ ਨੂੰ ਉਹ ਫੜਨ ਲਈ ਕਾਫ਼ੀ ਸਮੇਂ ਤੋਂ ਉਨ੍ਹਾਂ ਦੀ ਭਾਲ ਕਰ ਰਹੇ ਸਨ। ਇਸ ਮੌਕੇ ਹਰਦੇਵ ਸਿੰਘ ਨੇ ਦੱਸਿਆ ਕਿ ਉਸ ਨੇ ਖੇਤਾਂ 'ਚ ਮੂੰਗਫਲੀ ਦੀ ਖੇਤੀ ਕੀਤੀ ਹੋਈ ਪੰਛੀ ਤੋਤੇ ਉਸ ਦੀ ਮੂੰਗਫਲੀ ਦੀ ਖੇਤੀ 'ਚ ਆਪਣਾ ਢਿੱਡ ਭਰਦੇ ਸਨ। ਅੱਜ ਸਵੇਰੇ ਤਕਰੀਬਨ 6 ਕੁ ਵਜੇ ਦੇ ਕਰੀਬ ਉਨ੍ਹਾਂ ਨੂੰ ਪਤਾ ਲੱਗਾ ਕਿ ਉਨ੍ਹਾਂ ਦੇ ਖੇਤਾਂ 'ਚ ਦੋ ਵਿਅਕਤੀ ਤੋਤਿਆਂ ਨੂੰ ਜਾਲ ਵਿਛਾ ਕੇ ਫੜ ਰਹੇ ਹਨ। ਉਨ੍ਹਾਂ ਪਿੰਡ ਵਾਸੀਆਂ ਦੀ ਮਦਦ ਨਾਲ ਇਨ੍ਹਾਂ ਨੂੰ ਕਾਬੂ ਕੀਤਾ ਤੇ ਉਨ੍ਹਾਂ ਕੋਲੋਂ ਤੋਤਿਆਂ ਨੂੰ ਫੜਨ ਵਾਲਾ ਜਾਲ ਤੇ ਪੰਛੀਆਂ ਨੂੰ ਮਾਰਨ ਵਾਲੇ ਔਜ਼ਾਰ ਉਨ੍ਹਾਂ ਕੋਲੋਂ ਬਰਾਮਦ ਕੀਤੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਲੋਂ ਤਿੰਨ ਤੋਤੇ ਪਿੰਜਰੇ ਵਿਚ ਪਾਏ ਹੋਏ ਸਨ, ਜਿਨ੍ਹਾਂ 'ਚੋਂ ਇਕ ਤੋਤਾ ਜ਼ਖ਼ਮੀ ਹੋਇਆ ਪਿਆ ਸੀ। ਉਨ੍ਹਾਂ ਦੱਸਿਆ ਕਿ ਜਦੋਂ ਇਨ੍ਹਾਂ ਕੋਲੋਂ ਤੋਤਿਆਂ ਨੂੰ ਫੜਨ ਬਾਰੇ ਪੁੱਛਿਆ ਤਾਂ ਉਨ੍ਹਾਂ ਦੱਸਿਆ ਕਿ ਉਹ ਯੂ. ਪੀ. ਬਿਹਾਰ ਤੋਂ ਹਨ ਤੇ ਭੀਖੋਵਾਲ ਵਿਖੇ ਰਹਿੰਦੇ ਹਨ ਤੇ ਉਹ ਕਾਫ਼ੀ ਸਮੇਂ ਤੋਂ ਤੋਤਿਆਂ ਨੂੰ ਫੜ ਕੇ ਉਨ੍ਹਾਂ ਨੂੰ ਮਾਰਦੇ ਹਾਂ ਤੇ ਉਨ੍ਹਾਂ ਨੂੰ ਖਾਂਦੇ ਹਾਂ। ਇਸ ਮੌਕੇ ਪਿੰਡ ਵਾਸੀਆਂ ਨੇ ਦੱਸਿਆ ਕਿ ਇਸ ਸੰਬੰਧੀ ਥਾਣਾ ਹਰਿਆਣਾ ਨੂੰ ਸੂਚਿਤ ਕੀਤਾ ਤੇ ਜੰਗਲਾਤ ਵਿਭਾਗ ਨੂੰ ਵੀ ਇਸ ਦੀ ਜਾਣਕਾਰੀ ਦਿੱਤੀ ਗਈ। ਮੌਕੇ 'ਤੇ ਜੰਗਲਾਤ ਵਿਭਾਗ ਦੇ ਕਰਮਚਾਰੀ ਰਵੀ ਸ਼ੇਰ ਸਿੰਘ ਢੋਲਬਾਹਾ ਇੰਚਾਰਜ ਪਹੁੰਚੇ, ਜਿਨ੍ਹਾਂ ਨੇ ਦੱਸਿਆ ਕਿ ਇਨ੍ਹਾਂ ਖ਼ਿਲਾਫ਼ ਜੰਗਲੀ ਜੀਵਨ ਸੁਰੱਖਿਆ ਐਕਟ 1972 ਅਧੀਨ ਧਰਾਵਾਂ ਲਗਾ ਕੇ ਬਣਦੀ ਕਾਰਵਾਈ ਕੀਤੀ ਜਾਵੇਗੀ।

# ਬਲਾਕ ਪੱਧਰੀ ਖੇਡਾਂ ਸਮਾਪਤ, ਵਿਧਾਇਕ ਘੁੰਮਣ ਨੇ ਕੀਤੀ ਇਨਾਮਾਂ ਦੀ ਵੰਡ

ਤਲਵਾੜਾ, 19 ਅਕਤੂਬਰ (ਮਨੀਸ਼ਾ ਮਹਿਤਾ)-ਬਲਾਕ ਤਲਵਾੜਾ ਵਿਖੇ ਤਿੰਨ ਰੋਜ਼ਾ ਬਲਾਕ ਪੱਧਰੀ ਖੇਡਾਂ ਸਮਾਪਤ ਹੋ ਗਈਆਂ। ਸਹਾਇਕ ਬੀ. ਪੀ. ਈ. ਓ. ਸ੍ਰੀਮਤੀ ਸੁਮਤੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤੇ ਹਦਾਇਤਾਂ ਅਨੁਸਾਰ ਬਲਾਕ ਤਲਵਾੜਾ ਵਿਖੇ ਤਿੰਨ ਰੋਜ਼ਾ ਖੇਡ ਮੁਕਾਬਲਿਆਂ ਦਾ ਆਯੋਜਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੈਕਟਰ-3 ਲੜਕੀਆਂ ਵਿਖੇ ਪ੍ਰਿੰਸੀਪਲ ਸ੍ਰੀ ਗੁਰਾਂਦਾਸ ਤੇ ਕਲੱਸਟਰ ਮੁਖੀ ਚੰਚਲ ਕੁਮਾਰੀ ਦੀ ਅਗਵਾਈ ਹੇਠ ਹੋਇਆ, ਜਿਸ ਦੌਰਾਨ ਹਲਕਾ ਵਿਧਾਇਕ ਦਸੂਹਾ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਤੇ ਉਨ੍ਹਾਂ ਦੀ ਟੀਮ ਹੈੱਡ ਮਾਸਟਰ ਅਮਰਿੰਦਰ ਪਾਲ ਸਿੰਘ ਢਿੱਲੋਂ ਵਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ। ਵਿਧਾਇਕ ਐਡ. ਕਰਮਵੀਰ ਸਿੰਘ ਘੁੰਮਣ ਵਲੋਂ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ ਅਤੇ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਕੂਲੀ ਖੇਡਾਂ ਨੂੰ ਪ੍ਰਮੋਟ ਕੀਤਾ ਜਾ ਰਿਹਾ ਹੈ। ਉਨ੍ਹਾਂ ਜੇਤੂ ਬੱਚਿਆਂ ਲਈ ਜਰਸੀਆਂ, ਰਿਫਰੈਸ਼ਮੈਂਟ ਤੇ ਜ਼ਿਲ੍ਹਾ ਪੱਧਰੀ ਹੋਣ ਵਾਲੇ ਮੁਕਾਬਲਿਆਂ ਲਈ ਬੱਸ ਭੇਜਣ ਦਾ ਐਲਾਨ ਵੀ ਕੀਤਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਛੋਟੇ-ਛੋਟੇ ਬੱਚਿਆਂ 'ਚ ਕੱਲ੍ਹ ਦੇ ਮਿਲਖਾ ਸਿੰਘ, ਪੀ. ਟੀ. ਊਸ਼ਾ, ਵਿਰਾਟ ਕੋਹਲੀ, ਯੁਵਰਾਜ ਸਿੰਘ ਆਦਿ ਛੁਪੇ ਹੋਏ ਹਨ। ਇਸ ਮੌਕੇ ਪ੍ਰਿੰਸੀਪਲ ਗੁਰਾਂਦਾਸ ਤੇ ਹੈੱਡ ਮਾਸਟਰ ਅਮਰਿੰਦਰਪਾਲ ਸਿੰਘ ਢਿੱਲੋਂ ਨੇ ਐਡ. ਕਰਮਵੀਰ ਸਿੰਘ ਘੁੰਮਣ ਦਾ ਸਵਾਗਤ ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਦਸੂਹਾ ਕੇ. ਪੀ. ਸੰਧੂ (ਕੰਵਲਪ੍ਰੀਤ ਸੰਧੂ), ਸਾਬਕਾ ਉਪ ਪ੍ਰਧਾਨ ਇੰਜ. ਅਮਰਪਾਲ ਸਿੰਘ ਜੋਹਰ, ਮੰਨੂੰ ਸ਼ਰਮਾ, ਸ਼ਿਵਮ ਤਲੂਜਾ ਬਲਾਕ ਪ੍ਰਧਾਨ, ਰਾਜ ਕੁਮਾਰ ਪ੍ਰਧਾਨ ਐਸ. ਸੀ. ਵਿੰਗ, ਸ਼ੇਖਰ ਸਿੱਧੂ, ਵਿਕਰਾਂਤ ਯੋਤੀ ਮੈਂਬਰ ਜ਼ਿਲ੍ਹਾ ਪਲਾਨਿੰਗ ਬੋਰਡ, ਕਲੱਸਟਰ ਮੁਖੀ ਅਰੁਨ ਕੁਮਾਰ, ਗੁਰਪਾਲ ਸਿੰਘ, ਸਤੀਸ਼ ਕੁਮਾਰ, ਚੰਚਲ ਕੁਮਾਰੀ, ਨੀਰੂ ਬਾਲਾ, ਮੀਨਾਕਸ਼ੀ, ਰੰਜਨਾ ਰਾਣੀ ਤੋਂ ਇਲਾਵਾ ਖੇਡ ਕਮੇਟੀ ਤੋਂ ਮੈਂਬਰ ਨਰੇਸ਼ ਕੁਮਾਰ ਮਿੰਡਾ, ਵਰਿੰਦਰ ਵਿਕੀ, ਰਾਜ ਕੁਮਾਰ, ਪੁਸ਼ਪਿੰਦਰ ਸਿੰਘ, ਰੋਹਿਤ ਬਿਨੀ, ਰਜਿੰਦਰ ਟੋਹਲੂ, ਰਜਿੰਦਰ ਸਿੰਘ, ਗੁਰਬਚਨ ਲਾਲ, ਸੁਰਿੰਦਰ ਬਰਿੰਗਲੀ, ਅਸ਼ਵਨੀ ਕੁਮਾਰ, ਪਰਦੀਪ ਕੁਮਾਰ, ਦਿਨੇਸ਼ ਕੁਮਾਰ, ਬੀਰ ਸਿੰਘ, ਇੰਦਰਜੀਤ, ਵਰਿੰਦਰ ਕੁਮਾਰ, ਸੁਮਿਤ ਕੁਮਾਰ, ਜਸਵੰਤ ਸਿੰਘ, ਜਗਵੀਰ ਸਿੰਘ, ਦੀਪਕ, ਸੁਨੀਲ ਮੋਰੀਆ, ਵਿਜੇ ਕੁਮਾਰੀ, ਸੀਮਾ ਬਾਲੇ, ਰਜਨੀ, ਰਜਨੀ, ਓਵਰਾਏ, ਹਰਕਮਲ ਸਿੰਘ, ਕਵਿਤਾ ਸ਼ਰਮਾ, ਸੁਜਾਤਾ, ਅਨੁਪਮ, ਉਰਵਸ਼ੀ, ਸੁਰੇਸ਼ਟਾ, ਸੁਰਿੰਦਰ ਕੁਮਾਰ, ਚੇਤਨ ਸ਼ਰਮਾ, ਸਾਲੂ ਦਿਵੇਦੀ, ਊਮਾ ਦੇਵੀ ਆਦਿ ਹਾਜ਼ਰ ਸਨ।



ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕਰਦੇ ਹੋਏ ਹਲਕਾ ਵਿਧਾਇਕ ਐਡ. ਕਰਮਵੀਰ ਸਿੰਘ ਘੁੰਮਣ। ਨਾਲ ਚੇਅਰਮੈਨ ਮਾਰਕੀਟ ਦਸੂਹਾ ਕੇ. ਪੀ. ਸੰਧੂ ਤੇ ਹੋਰ। ਤਸਵੀਰ : ਮਹਿਤਾ



ਪਿੰਡ ਲੱਖਪੁਰ ਵਿਖੇ ਸਰਾਂ ਵਾਲੇ ਅੱਡੇ ਤੇ ਅਮਨਦੀਪ ਸਿੰਘ ਦੀ ਯਾਦ ਵਿਚ ਬਣਾਏ ਜਾ ਰਹੇ ਬੱਸ ਸਟੈਂਡ ਦੀ ਇਮਾਰਤ ਦੀ ਨੀਂਹ ਰੱਖਦੇ ਹੋਏ ਉਸ ਦੇ ਦਾਦਾ ਗਿਆਨ ਸਿੰਘ, ਸਮੂਹ ਪੰਚਾਇਤ ਅਤੇ ਪਿੰਡ ਵਾਸੀ। ਤਸਵੀਰ. ਮਨਦੀਪ ਸਿੰਘ ਸੰਧੂ

# ਲੱਖਪੁਰ ਵਿਖੇ ਬੱਸ ਸਟੈਂਡ ਦੀ ਇਮਾਰਤ ਦੀ ਉਸਾਰੀ ਦੀ ਸ਼ੁਰੂਆਤ

ਖਲਵਾੜਾ, 19 ਅਕਤੂਬਰ (ਮਨਦੀਪ ਸਿੰਘ ਸੰਧੂ) ਪ੍ਰਵਾਸੀ ਭਾਰਤੀ ਸੁਲਿੰਦਰ ਸਿੰਘ ਦੇ ਲੜਕੇ ਅਤੇ ਪ੍ਰਵਾਸੀ ਭਾਰਤੀ ਸੁਖਵਿੰਦਰ ਸਿੰਘ ਦੇ ਭਤੀਜੇ ਅਮਨਦੀਪ ਸਿੰਘ ਦੀ ਯਾਦ ਵਿਚ ਸਰਾਂ ਵਾਲੇ ਅੱਡੇ ਤੇ ਪਿੰਡ ਲੱਖਪੁਰ ਵਿਖੇ ਬੱਸ ਸਟੈਂਡ ਦੀ ਇਮਾਰਤ ਬਣਾਉਣ ਦਾ ਨੀਂਹ ਰੱਖ ਕੇ ਉਦਘਾਟਨ ਕੀਤਾ ਗਿਆ। ਜਿਸ ਦੀ ਨੀਂਹ ਅਮਨਦੀਪ ਸਿੰਘ ਦੇ ਦਾਦਾ ਗਿਆਨ ਸਿੰਘ ਵਲੋਂ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ। ਇਸ ਮੌਕੇ ਸਰਪੰਚ ਗੁਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਬੱਸ ਸਟੈਂਡ ਪੰਜ ਲੱਖ ਰੁਪਏ ਦੀ ਲਾਗਤ ਨਾਲ ਬਣਾਇਆ ਜਾ ਰਿਹਾ ਹੈ ਜੋ ਕਿ ਬਹੁਤ ਜਲਦ ਬਣ ਕੇ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ। ਇਸ ਮੌਕੇ ਸਰਪੰਚ ਗੁਰਮੀਤ ਸਿੰਘ, ਸਾਬਕਾ ਸਰਪੰਚ ਮਹਿੰਦਰ ਸਿੰਘ, ਦਵਿੰਦਰ ਪਾਲ ਸਿੰਘ ਪੰਚ, ਕੁਲਦੀਪ ਸਿੰਘ ਪੰਚ, ਰਾਮ ਆਸਰਾ ਪੰਚ, ਰੇਸ਼ਮ ਸਿੰਘ, ਭੁਪਿੰਦਰ ਸਿੰਘ, ਗੁਰਜੀਤ ਸਿੰਘ, ਜਸਪਾਲ ਸਿੰਘ, ਤਰਲੋਚਨ ਸਿੰਘ, ਪਰਮਜੀਤ ਸਿੰਘ, ਬਿੰਦਰ ਸਿੰਘ, ਤੀਰਥ ਸਿੰਘ, ਹਰਪ੍ਰੀਤ ਸਿੰਘ, ਜਤਿੰਦਰ ਸਿੰਘ, ਮਹਿੰਦਰ ਪਾਲ, ਜਸ਼ਨਪ੍ਰੀਤ ਸਿੰਘ ਤੇ ਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।



ਅਕਾਲ ਅਕੈਡਮੀ ਰਾਏਪੁਰ ਪੀਰ ਬਖ਼ਸ਼ ਵਾਲਾ ਵਿਖੇ ਬੱਚੇ ਅਧਿਆਪਕਾਂ ਨਾਲ ਦੀਵਾਲੀ ਮਨਾਉਂਦੇ ਹੋਏ। ਤਸਵੀਰ. ਮਨਜੀਤ ਸਟੂਡੀਓ

# ਅਕਾਲ ਅਕੈਡਮੀ ਰਾਏਪੁਰ ਪੀਰ ਬਖ਼ਸ਼ ਵਾਲਾ ਵਿਖੇ ਮਨਾਇਆ ਦੀਵਾਲੀ ਦਾ ਤਿਉਹਾਰ

ਭੁਲੱਥ, 19 ਅਕਤੂਬਰ (ਮਨਜੀਤ ਸਿੰਘ ਰਤਨ)-ਅਕਾਲ ਅਕੈਡਮੀ ਰਾਏਪੁਰ ਪੀਰ ਬਖ਼ਸ਼ ਵਾਲਾ ਵਿਖੇ ਬੰਦੀ ਛੋੜ ਦਿਵਸ ਤੇ ਦੀਵਾਲੀ ਦਾ ਤਿਉਹਾਰ ਬੜੇ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਰਵਾਏ ਗਏ ਸਮਾਗਮ ਵਿਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਬੜੇ ਚਾਅ ਨਾਲ ਭਾਗ ਲਿਆ। ਇਸ ਮੌਕੇ ਰੰਗੋਲੀ ਮੁਕਾਬਲੇ ਕਰਵਾਏ ਗਏ ਜਿਸ ਵਿਚ ਵੱਖ ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਰੰਗ-ਬਿਰੰਗੀਆਂ ਤੇ ਸੁੰਦਰ ਰੰਗੋਲੀਆਂ ਬਣਾਈਆਂ। ਸਭ ਬੱਚਿਆਂ ਨੇ ਆਪਣੀ ਰਚਨਾਤਮਿਕਤਾ ਦਾ ਪ੍ਰਦਰਸ਼ਨ ਕੀਤਾ। ਇਸ ਤੋਂ ਇਲਾਵਾ ਕਲਾਸਾਂ ਸਜਾਉਣ ਦਾ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿਚ ਵਿਦਿਆਰਥੀਆਂ ਨੇ ਆਪਣੀਆਂ ਕਲਾਸਾਂ ਨੂੰ ਦੀਵੇ, ਬੱਤੀਆਂ ਤੇ ਪੋਸਟਰਾਂ ਨਾਲ ਸੁੰਦਰ ਢੰਗ ਨਾਲ ਸਜਾਇਆ। ਇਸ ਮੌਕੇ ਪ੍ਰਿੰਸੀਪਲ ਸੋਨੂੰ ਸ਼ਰਮਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਸ ਤਰ੍ਹਾਂ ਦੇ ਤਿਉਹਾਰ ਰਲ ਮਿਲ ਕੇ ਮਨਾਉਣੇ ਚਾਹੀਦੇ ਹਨ ਇਹਨਾਂ ਨਾਲ ਆਪਸੀ ਸਾਂਝ ਅਤੇ ਪ੍ਰੇਮ ਪਿਆਰ ਵਿਚ ਵਾਧਾ ਹੁੰਦਾ ਹੈ। ਉਨ੍ਹਾਂ ਸਾਰੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਨੂੰ ਸਾਫ਼-ਸੁਥਰੀ ਤੇ ਪ੍ਰਕਾਸ਼ਮਈ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਮੂਹ ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।



ਕੀਰਤਨ ਦਰਬਾਰ ਮੌਕੇ ਕੀਰਤਨ ਦੀ ਹਾਜ਼ਰੀ ਭਰਦੇ ਹੋਏ ਕੀਰਤਨੀ ਜਥੇ ਤੇ ਨਾਲ ਸੇਵਾਦਾਰਾਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਬੰਧਕ। ਤਸਵੀਰਾਂ : ਸਤਵੰਤ ਸਿੰਘ ਥਿਆੜਾ

# ਚੜ੍ਹਦੀ ਕਲਾ ਸੇਵਕ ਜਥੇ ਨੇ ਕੀਰਤਨ ਦਰਬਾਰ ਕਰਵਾਇਆ

ਨਸਰਾਲਾ, 19 ਅਕਤੂਬਰ (ਸਤਵੰਤ ਸਿੰਘ ਥਿਆੜਾ)-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ 'ਚੜ੍ਹਦੀ ਕਲ੍ਹਾ ਸੇਵਕ ਜਥਾ' ਵਲੋਂ ਡੇਰਾ ਸੰਤਪੁਰਾ ਮਾਣਕੋ ਜੱਬੜ ਦੇ ਅਸ਼ੀਰਵਾਦ ਨਾਲ ਸਮੂਹ ਇਲਾਕਾ ਨਿਵਾਸੀ ਸੰਗਤਾਂ ਤੇ ਐਨ. ਆਰ. ਆਈ. ਵੀਰਾਂ ਦੇ ਸਹਿਯੋਗ ਨਾਲ ਗੁਰੂ ਤੇਗ ਬਹਾਦਰ ਸਾਹਿਬ ਜੀ ਤੇ ਭਾਈ ਦਿਆਲਾ, ਭਾਈ ਮਤੀਦਾਸ ਤੇ ਭਾਈ ਸਤੀਦਾਸ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 15ਵਾਂ ਮਹਾਨ ਕੀਰਤਨ ਦਰਬਾਰ ਹੁਸ਼ਿਆਰਪੁਰ-ਜਲੰਧਰ ਰੋਡ ਅੱਡਾ ਮੰਡਿਆਲਾ, ਪਿੰਡ ਢੋਡੋਮਾਜ਼ਰਾ ਦੇ ਗੇਟ ਕੋਲ ਸ਼ਰਧਾ ਭਾਵਨਾ ਦੇ ਨਾਲ ਕਰਵਾਇਆ, ਜਿਸ ਦੌਰਾਨ ਵੱਡੀ ਗਿਣਤੀ 'ਚ ਸੰਗਤਾਂ ਨੇ ਹਾਜ਼ਰੀ ਭਰੀ। ਸ਼ਾਮ ਨੂੰ ਸ੍ਰੀ ਰਹਿਰਾਸ ਸਾਹਿਬ ਦੇ ਪਾਠ ਦੇ ਭੋਗ ਪੈਣ ਉਪਰੰਤ ਸਮਾਗਮ ਦੀ ਅਰੰਭਤਾ ਬੱਚੀ ਹਰਸ਼ਰਨ ਕੌਰ, ਨਿਰਵੈਰ ਸਿੰਘ ਤੇ ਗੁਰਜੋਤ ਸਿੰਘ ਦੇ ਕੀਰਤਨੀ ਜਥੇ ਵਲੋਂ ਸ਼ਬਦ ਗਾਇਨ ਕਰਦਿਆਂ ਕੀਤੀ। ਇਸ ਮੌਕੇ ਬੀਬੀ ਜਸਪ੍ਰੀਤ ਕੌਰ ਪਟਿਆਲਾ ਵਾਲੇ, ਕਥਾ ਵਾਚਕ ਗਿਆਨੀ ਜਸਵੰਤ ਸਿੰਘ ਮੰਜੀ ਸਾਹਿਬ ਦਰਬਾਰ ਸਾਹਿਬ ਵਾਲੇ, ਕਵੀਸ਼ਰ ਭਾਈ ਪ੍ਰਿਤਪਾਲ ਸਿੰਘ ਬਰਗਾੜੀ ਵਾਲੇ, ਭਾਈ ਗੁਰਮੁਖ ਸਿੰਘ ਕੰਧਾਲੇ ਵਾਲੇ, ਭਾਈ ਹਰਵਿੰਦਰ ਸਿੰਘ ਨੰਗਲ ਈਸ਼ਰ ਵਾਲੇ, ਭਾਈ ਜਸਵਿੰਦਰ ਸਿੰਘ ਦਸੂਹੇ ਵਾਲੇ, ਭਾਈ ਸੁਖਵੀਰ ਸਿੰਘ ਗੜ੍ਹਦੀਵਾਲਾ ਵਾਲੇ, ਭਾਈ ਧਨਵੰਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਰਾਮਪੁਰ ਖੇੜਾ, ਭਾਈ ਦਲਜੀਤ ਸਿੰਘ ਕੰਧਾਲਾ ਜੱਟਾਂ, ਭਾਈ ਜਸਵੀਰ ਸਿੰਘ ਭਟੋਲੀਆਂ ਸਮੇਤ ਗੁਰਸ਼ਬਦ ਪ੍ਰਕਾਸ਼ ਕੀਰਤਨ ਕੌਂਸਲ ਗੜ੍ਹਦੀਵਾਲਾ ਦੇ ਸਾਰੇ ਜਥਿਆਂ ਨੇ ਸੰਗਤਾਂ ਨੂੰ ਆਪਣੇ ਮਨੋਹਰ ਕਥਾ ਕੀਰਤਨ ਦੁਆਰਾ ਨਿਹਾਲ ਕੀਤਾ। ਇਸ ਮੌਕੇ ਬਾਬਾ ਜਨਕ ਸਿੰਘ ਦੇ ਬਾਬਾ ਸਰਵਣ ਸਿੰਘ ਡੇਰਾ ਸੰਤਪੁਰਾ ਮਾਣਕੋ ਜੱਬੜ ਵਾਲੇ, ਬਾਬਾ ਧਰਮ ਸਿੰਘ ਰਾੜ੍ਹਾ ਸਾਹਿਬ ਸ਼ਾਮਚੁਰਾਸੀ, ਬਾਬਾ ਨਾਗਰ ਸਿੰਘ ਟੂਟੋਮਜਾਰਾ, ਬਾਬਾ ਸੁਮਿੱਤਰ ਸਿੰਘ, ਭਾਈ ਮਲਕੀਤ ਸਿੰਘ ਖ਼ਾਨਪੁਰ ਥਿਆੜੇ ਵਾਲਿਆਂ ਨੇ ਵੀ ਸੰਗਤਾਂ ਦੇ ਦਰਸ਼ਨ ਕੀਤੇ। ਸਟੇਜ ਸਕੱਤਰ ਦੀ ਸੇਵਾ ਭਾਈ ਕਰਮਜੀਤ ਸਿੰਘ ਪਧਿਆਣੇ ਵਾਲਿਆਂ ਵਲੋਂ ਨਿਭਾਈ ਗਈ। ਇਸ ਮੌਕੇ ਮੈਟਰੋ ਹਸਪਤਾਲ ਜਲੰਧਰ ਡਾ. ਸੰਦੀਪ ਜੁਨੇਜਾ ਐਮ. ਡੀ. ਤੇ ਉਨ੍ਹਾਂ ਦੀ ਟੀਮ ਵਲੋਂ ਮੁਫ਼ਤ ਮੈਡੀਕਲ ਕੈਂਪ ਵੀ ਲਗਾਇਆ ਤੇ ਜਿਸ 'ਚ ਸਰੀਰ ਦੇ ਜ਼ਰੂਰੀ ਟੈਸਟ ਅਤੇ ਜ਼ਰੂਰਤ ਮੰਦਾ ਨੂੰ ਦਵਾਈਆਂ ਵੀ ਦਿੱਤੀਆਂ। ਇਸ ਮੌਕੇ ਸਿੱਖ ਇਤਿਹਾਸ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਇਸ ਮੌਕੇ ਪ੍ਰਬੰਧਕਾਂ ਵਲੋਂ ਕਲਗ਼ੀਧਰ ਨੌਜਵਾਨ ਸਭਾ ਜਗਜੀਤ ਪੁਰ, ਨੌਜਵਾਨ ਸਭਾ ਅਰਜਨਵਾਲ, ਸਮਾਜ ਸੇਵਕ ਸੁਸਾਇਟੀ ਕਾਲਾ ਬੱਕਰਾ, ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਸੇਵਾ ਸੰਭਾਲ ਸੰਸਥਾ ਡੁਮੇਲੀ ਤੇ ਹੋਰ ਮੁੱਖ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਮੰਡਿਆਲਾ, ਢੋਡੋਮਾਜ਼ਰਾ, ਬਾਦੋਵਾਲ, ਰਾਜੋਵਾਲ, ਰਾਮਨਗਰ ਢੈਹਾ, ਮਸਾਣੀਆਂ, ਘੜਿਆਲਾ, ਮੇਘੋਵਾਲ ਗੰਜ਼ਿਆਂ, ਨਸਰਾਲਾ, ਬਡਾਲਾ ਮਾਹੀ ਆਦਿ ਪਿੰਡਾਂ ਦੀਆਂ ਸੰਗਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਸੌਂਦ ਬਿਲਡਿੰਗ ਮੈਟੀਰੀਅਲ ਸਟੋਰ ਠੱਟਾ ਨਵਾਂ ਵਲੋਂ ਸੈਨੇਟਰੀ, ਪੇਂਟ ਤੇ ਟਾਈਲਾਂ ਉੱਪਰ ਛੋਟ

ਸੁਲਤਾਨਪੁਰ ਲੋਧੀ, 19 ਅਕਤੂਬਰ (ਥਿੰਦ)-ਇਲਾਕੇ ਦੇ ਸਭ ਤੋਂ ਵੱਡੇ ਮਲਟੀ ਸਟੋਰ ਸੌਂਦ ਬਿਲਡਿੰਗ ਮੈਟੀਰੀਅਲ ਸਟੋਰ ਠੱਟਾ ਨਵਾਂ ਵੱਲੋਂ ਬੰਦੀ ਛੋੜ ਦਿਵਸ ਤੇ ਦੀਵਾਲੀ ਦੇ ਪਵਿੱਤਰ ਦਿਹਾੜੇ ਮੌਕੇ ਗ੍ਰਾਹਕਾਂ ਨਾਲ ਖ਼ੁਸ਼ੀ ਸਾਂਝੀ ਕਰਦੇ ਹੋਏ ਸੈਨੇਟਰੀ ਦੇ ਸਮਾਨ, ਪੇਂਟ, ਫ਼ਰਸ਼ੀ ਟਾਈਲਾਂ, ਬਾਥ ਟਾਈਲਾਂ ਤੇ ਬਿਲਡਿੰਗ ਮੈਟੀਰੀਅਲ ਨਾਲ ਸੰਬੰਧਿਤ ਸਾਮਾਨ ਉੱਪਰ ਵਿਸ਼ੇਸ਼ ਛੋਟ ਦਿੱਤੀ ਜਾ ਰਹੀ ਹੈ। ਸੌਂਦ ਬਿਲਡਿੰਗ ਮੈਟੀਰੀਅਲ ਸਟੋਰ ਦੇ ਐਮ.ਡੀ. ਸੁਖਵਿੰਦਰ ਸਿੰਘ ਸੌਂਦ ਨੇ ਦੱਸਿਆ ਕਿ ਦੀਵਾਲੀ ਦੇ ਪਵਿੱਤਰ ਤਿਉਹਾਰ ਉੱਪਰ ਹਰ ਇਨਸਾਨ ਦੀ ਤਮੰਨਾ ਹੁੰਦੀ ਹੈ ਕਿ ਉਹ ਸੁਪਨਿਆਂ ਨਾਲ ਸੰਜੋਏ ਘਰ ਨੂੰ ਸੁੰਦਰ ਬਣਾਉਣ ਲਈ ਯਤਨ ਕਰੇ। ਮਲਟੀਸਟਰ ਤੇ ਇੰਟਰਨੈਸ਼ਨਲ ਪੱਧਰ ਦੀਆਂ ਪੇਂਟ ਤੇ ਸੈਨੇਟਰੀ ਦਾ ਸਾਮਾਨ ਬਣਾਉਣ ਵਾਲੀਆਂ ਕੰਪਨੀਆਂ ਦੇ ਬਾਂਡ ਵਾਜਬ ਰੇਟਾਂ 'ਤੇ ਉਪਲਬਧ ਹਨ। ਗ੍ਰਾਹਕਾਂ ਨੂੰ ਹੁਣ ਵੱਡੇ ਸ਼ਹਿਰਾਂ ਵਿਚ ਜਾਣ ਦੀ ਲੋੜ ਨਹੀਂ ਹੈ। ਮਲਟੀ ਨੈਸ਼ਨਲ ਕੰਪਨੀਆਂ ਦਾ ਸਾਮਾਨ ਇੱਕ ਹੀ ਛੱਤ ਹੇਠ ਉਪਲਬਧ ਹੈ। ਉਨ੍ਹਾਂ ਦੱਸਿਆ ਕਿ ਫ਼ਰਸ਼ੀ, ਵਾਲ ਟਾਈਲਾਂ ਤੇ ਬਾਥ ਫਿਟਿੰਗ ਨਾਲ ਸੰਬੰਧਿਤ ਦੇ ਵੱਖ-ਵੱਖ ਬਰਾਂਡ ਹਰ ਸਮੇਂ ਉਪਲਬਧ ਹਨ। ਉਨ੍ਹਾਂ ਨੇ ਗਾਹਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਅਵਸਰ ਦਾ ਵੱਧ ਤੋਂ ਵੱਧ ਲਾਭ ਉਠਾਉਣ।



ਸਰਪੰਚ ਸੁਖਵਿੰਦਰ ਸਿੰਘ ਸੌਂਦ ਦੀ ਤਸਵੀਰ।

# ਫਗਵਾੜਾ 'ਚ ਬੰਗਾ ਰੋਡ ਤੇ ਪਲਾਹੀ ਰੋਡ ਸੜਕਾਂ ਬਣਾਉਣ ਲਈ ਸਰਕਾਰ ਵਲੋਂ ਰਾਸ਼ੀ ਮਨਜ਼ੂਰ

## ਨਵੰਬਰ 'ਚ ਸੜਕਾਂ ਬਣਨੀਆਂ ਸ਼ੁਰੂ ਹੋਣਗੀਆਂ-ਡਾ. ਚੱਬੇਵਾਲ

ਫਗਵਾੜਾ, 19 ਅਕਤੂਬਰ (ਹਰਜੋਤ ਸਿੰਘ ਚਾਨਾ)-ਇੱਥੋਂ ਦੇ ਬੰਗਾ ਰੋਡ ਤੇ ਪਲਾਹੀ ਰੋਡ ਦੀਆਂ ਟੁੱਟੀਆਂ ਸੜਕਾਂ ਨੂੰ ਮੁੜ ਬਣਾਉਣ ਲਈ ਪੰਜਾਬ ਸਰਕਾਰ ਨੇ ਰਾਸ਼ੀ ਮਨਜ਼ੂਰ ਕਰ ਦਿੱਤੀ ਹੈ ਜੋ ਨਵੰਬਰ ਮਹੀਨੇ ਤੋਂ ਬਣਨੀਆਂ ਸ਼ੁਰੂ ਹੋ ਜਾਣਗੀਆਂ। ਇਹ ਜਾਣਕਾਰੀ ਦਿੰਦੇ ਹੋਏ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਤੇ ਸਥਾਨਕ ਹਲਕਾ ਇੰਚਾਰਜ ਹਰਜੀ ਮਾਨ ਨੇ ਦੱਸਿਆ ਕਿ ਬੰਗਾ ਰੋਡ ਸੜਕ ਲਈ 3 ਕਰੋੜ 88 ਲੱਖ ਤੇ ਪਲਾਹੀ ਰੋਡ ਸੜਕ ਲਈ ਕਰੀਬ ਡੇਢ ਕਰੋੜ ਰੁਪਏ ਦੀ ਰਾਸ਼ੀ ਸਰਕਾਰ ਨੇ ਮਨਜ਼ੂਰ ਕਰ ਦਿੱਤੀ ਹੈ। ਇਹ ਦੋਨੋਂ ਸੜਕਾਂ ਕਾਫ਼ੀ ਲੰਬੇ ਸਮੇਂ ਤੋਂ ਟੁੱਟੀਆਂ ਪਈਆਂ ਸਨ, ਜਿਸ ਤੋਂ ਇਲਾਕੇ ਦੇ ਲੋਕ ਕਾਫ਼ੀ ਪ੍ਰੇਸ਼ਾਨ ਸਨ। ਵਰਨਣਯੋਗ ਹੈ ਕਿ ਇਸ ਸੜਕ ਨੂੰ ਬਣਾਉਣ ਨੂੰ ਲੈ ਕੇ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਪਾਸ ਲੋਕਾਂ ਨੇ ਮੰਗ ਚੁੱਕੀ ਸੀ ਤੇ ਕਿਹਾ ਕਿ ਸੀ ਕਿ ਇਸ ਸੜਕ ਤੇ ਰੋਜ਼ਾਨਾ ਹਾਦਸੇ ਵੀ ਵਾਪਰ ਰਹੇ ਹਨ ਤੇ ਵੱਡੇ ਵੱਡੇ ਟੋਏ ਪਏ ਹੋਏ ਹਨ ਜਿਸ ਨਾਲ ਲੋਕਾਂ ਦਾ ਲੰਘਣਾ ਵੀ ਮੁਸ਼ਕਿਲ ਸੀ ਤੇ ਬਰਸਾਤ ਦੇ ਦਿਨਾਂ 'ਚ ਹੋਰ ਵੀ ਸਿਰਦਰਦੀ ਬਣ ਜਾਂਦਾ ਹੈ। ਬੰਗਾ ਰੋਡ 'ਤੇ ਸ੍ਰੀ ਵਿਸ਼ਵਕਰਮਾ ਜੀ ਦੇ ਅਸਥਾਨ 'ਤੇ ਹੋਣ ਵਾਲੇ ਮੇਲੇ ਨੂੰ ਲੈ ਕੇ ਦੋ ਦਿਨ ਪਹਿਲਾ ਹੀ ਇੱਥੋਂ ਦੇ ਕਾਂਗਰਸੀ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਟੋਇਆਂ 'ਚ ਬੱਜਰੀ ਪੁਆ ਕੇ ਲੋਕਾਂ ਦੇ ਲੰਘਣ ਦਾ ਕੰਮ ਸੌਖਾ ਕੀਤਾ ਸੀ ਪਰ ਹੁਣ ਸਰਕਾਰ ਦੀ ਮਨਜ਼ੂਰੀ ਹੋਣ ਨਾਲ ਲੋਕ ਰਾਹਤ ਮਹਿਸੂਸ ਕਰਨਗੇ ਤੇ ਕਈ ਲੋਕਾਂ ਨੇ ਇਸ ਲਈ ਡਾ. ਚੱਬੇਵਾਲ ਦਾ ਧੰਨਵਾਦ ਕੀਤਾ। ਪਤਾ ਲੱਗਾ ਹੈ ਕਿ ਇਹ ਸੜਕਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਤਾਬਦੀ ਸਮਾਗਮ ਦੇ ਸਬੰਧ 'ਚ ਮਨਜ਼ੂਰ ਕੀਤੀਆਂ ਗਈਆਂ ਹਨ ਇਸ ਸੜਕ ਤੋਂ ਹੀ ਨਗਰ ਕੀਰਤਨ ਨਿਕਲਣਗੇ।



ਡਾ. ਰਾਜ ਕੁਮਾਰ ਚੱਬੇਵਾਲ ਦੀ ਤਸਵੀਰ।

# ਪਵਿੱਤਰ ਕਾਲੀ ਵੇਈਂ ਦੀ ਕਾਰ ਸੇਵਾ ਦੀ 25ਵੀਂ ਵਰ੍ਹੇਗੰਢ ਨੂੰ ਸਮਰਪਿਤ ਸੰਤ ਸੀਚੇਵਾਲ ਵਲੋਂ 25 ਪਿੰਡਾਂ ਨੂੰ ਦੀਵਾਲੀ ਦਾ ਤੋਹਫ਼ਾ

## ਕਪੂਰਥਲਾ ਤੇ ਜਲੰਧਰ ਜ਼ਿਲ੍ਹਿਆਂ ਦੇ ਪਿੰਡਾਂ ਨੂੰ 25 ਪਾਣੀ ਵਾਲੀਆਂ ਟੈਂਕੀਆਂ ਸੌਂਪੀਆਂ

ਸੁਲਤਾਨਪੁਰ ਲੋਧੀ, 19 ਅਕਤੂਬਰ (ਨਰੇਸ਼ ਹੈਪੀ, ਥਿੰਦ)-ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਪੂਰਥਲਾ ਅਤੇ ਜਲੰਧਰ ਜ਼ਿਲ੍ਹਿਆਂ ਦੇ 25 ਪਿੰਡਾਂ ਨੂੰ ਦੀਵਾਲੀ ਦੇ ਤੋਹਫ਼ੇ ਵਜੋਂ ਸਟੀਲ ਦੀਆਂ ਪਾਣੀ ਵਾਲੀਆਂ ਟੈਂਕੀਆਂ ਸੌਂਪੀਆਂ। ਇਹ ਟੈਂਕੀਆਂ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਤੇ ਸੀਚੇਵਾਲ ਤੋਂ ਰਵਾਨਾ ਕੀਤੀਆਂ ਗਈਆਂ। ਸੰਤ ਸੀਚੇਵਾਲ ਨੇ ਦੱਸਿਆ ਕਿ ਪਵਿੱਤਰ ਕਾਲੀ ਵੇਈਂ ਦੀ ਸਫ਼ਾਈ ਸੇਵਾ ਦੇ 25 ਸਾਲ ਪੂਰੇ ਹੋਣ ਦੇ ਮੌਕੇ 'ਤੇ ਸਾਲ ਭਰ ਸਮਾਗਮ ਚੱਲਣਗੇ। ਇਸੇ ਸਿਲਸਿਲੇ ਵਿਚ ਇਹ ਟੈਂਕੀਆਂ ਪਿੰਡਾਂ ਨੂੰ ਦਿੱਤੀਆਂ ਗਈਆਂ ਹਨ। ਉਨ੍ਹਾਂ ਹੁਣ ਤੱਕ ਆਪਣੇ ਅਖ਼ਤਿਆਰੀ ਫ਼ੰਡ ਵਿਚੋਂ 7.5 ਕਰੋੜ ਦੀ ਗ੍ਰਾਂਟ ਨਾਲ 215 ਪਾਣੀ ਵਾਲੀਆਂ ਟੈਂਕੀਆਂ ਪੰਜਾਬ ਭਰ ਦੇ ਪਿੰਡਾਂ ਵਿਚ ਵੰਡੀਆਂ ਹਨ। ਪਿੰਡਾਂ ਦੇ ਸਰਪੰਚਾਂ ਨੇ ਕਿਹਾ ਕਿ ਇਹ ਸਟੀਲ ਦੀਆਂ ਟੈਂਕੀਆਂ ਪਿੰਡਾਂ ਲਈ ਸਦੀਵੀ ਤੋਹਫ਼ਾ ਹਨ। ਇਨ੍ਹਾਂ ਨਾਲ ਪਾਣੀ ਦੀ ਕਮੀ ਦੂਰ ਹੋਵੇਗੀ, ਬੂਟਿਆਂ ਨੂੰ ਪਾਣੀ ਲਗਾਉਣ ਤੇ ਅੱਗ ਬੁਝਾਉਣ ਵਿਚ ਵੀ ਮਦਦ ਮਿਲੇਗੀ। ਧਾਰਮਿਕ ਸਮਾਗਮਾਂ ਦੌਰਾਨ ਪਾਣੀ ਦੀ ਸਭ ਤੋਂ ਵੱਡੀ ਸਮੱਸਿਆ ਹੁੰਦੀ ਸੀ ਜੋ ਹੁਣ ਹੱਲ ਹੋ ਗਈ ਹੈ। ਸੰਤ ਸੀਚੇਵਾਲ ਨੇ ਪਿੰਡਾਂ ਦੇ ਵਾਸੀਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਵਧਾਈਆਂ ਦਿੰਦਿਆਂ ਹਰੀ ਦੀਵਾਲੀ ਮਨਾਉਣ ਦਾ ਸੱਦਾ ਦਿੱਤਾ। ਉਨ੍ਹਾਂ ਦੱਸਿਆ ਕਿ ਜਲਦੀ ਹੀ ਹੋਰ 50 ਟੈਂਕੀਆਂ ਵੀ ਪਿੰਡਾਂ ਨੂੰ ਦਿੱਤੀਆਂ ਜਾਣਗੀਆਂ, ਜਿਸ ਵਿਚ ਦਲਿਤ ਭਾਈਚਾਰੇ ਅਤੇ ਹੜ੍ਹ ਪ੍ਰਭਾਵਿਤ ਪਿੰਡਾਂ ਨੂੰ ਤਰਜੀਹ ਦਿੱਤੀ ਜਾਵੇਗੀ। ਆਹਲੀ ਕਲਾਂ ਦੇ ਸਰਪੰਚ ਸ਼ਮਿੰਦਰ ਸਿੰਘ ਨੇ ਕਿਹਾ ਕਿ ਹੜ੍ਹਾਂ ਦੌਰਾਨ ਪੀਣ ਵਾਲੇ ਪਾਣੀ ਦੀ ਵੱਡੀ ਸਮੱਸਿਆ ਆਉਂਦੀ ਸੀ, ਪਰ 5000 ਲੀਟਰ ਸਮਰੱਥਾ ਵਾਲੀਆਂ ਟੈਂਕੀਆਂ ਨਾਲ ਇਹ ਮੁੱਦਾ ਹੱਲ ਹੋ ਗਿਆ ਹੈ। ਸਿਧਵਾਂ ਦੋਨਾ, ਕੌਲ ਤਲਵੰਡੀ ਤੇ ਖੈੜਾ ਦੋਨਾ ਦੇ ਸਰਪੰਚਾਂ ਨੇ ਕਿਹਾ ਕਿ ਇਹ ਇਨਕਲਾਬੀ ਕਦਮ ਹੈ ਜੋ ਵਾਤਾਵਰਣ ਸੁਰੱਖਿਆ ਲਈ ਮੀਲ ਪੱਥਰ ਸਾਬਤ ਹੋਵੇਗਾ। ਇਸ ਮੌਕੇ ਆਹਲੀ ਕਲਾਂ, ਬਹਿਬਲ ਬਹਾਦਰ, ਸਿਧਵਾਂ ਦੋਨਾ, ਸੁਖਾਣੀ, ਕੌਲ ਤਲਵੰਡੀ, ਖੈੜਾ ਦੋਨਾ, ਝੱਲ ਬੀਬੜੀ, ਮੁਸਤਫ਼ਾਬਾਦ, ਟਿੱਬਾ, ਈਸ਼ਰਵਾਲ, ਮੇਵਾ ਸਿੰਘ ਵਾਲਾ, ਮੁਹੱਬਲੀਪੁਰ, ਦਬੂਲੀਆਂ (ਕਪੂਰਥਲਾ) ਤੇ ਕਸੂਪੁਰ, ਉਮਰਵਾਲਾ ਬਿੱਲਾ, ਮਾਣਕਪੁਰ, ਬਾਜਵਾ ਖੁਰਦ, ਮੂਲੇਵਾਲ ਖਹਿਰਾ, ਮੂਲੇਵਾਲ ਅਰਾਈਆ, ਖ਼ਾਨਪੁਰ ਰਾਜਪੂਤਾਂ, ਤਲਵੰਡੀ ਸਲੇਮ ਸਮਾਇਲਪੁਰ, ਪੰਡੋਰੀ ਖ਼ਾਸ, ਬਾੜਾ ਜੋਧ ਸਿੰਘ, ਈਸੇਵਾਲ (ਜਲੰਧਰ) ਦੇ ਪਿੰਡਾਂ ਨੂੰ ਟੈਂਕੀਆਂ ਦਿੱਤੀਆਂ ਗਈਆਂ। ਕੁੱਝ ਦਿਨ ਪਹਿਲਾਂ ਵੀ ਸੰਤ ਸੀਚੇਵਾਲ ਨੇ ਕਪੂਰਥਲਾ ਦੇ ਜੈਨਪੁਰ, ਹੈਬਤਪੁਰ, ਤਲਵੰਡੀ ਚੌਧਰੀਆਂ ਤੇ ਸ਼ਾਹਵਾਲਾ ਅੰਦਰੀਸਾ ਪਿੰਡਾਂ ਨੂੰ ਟੈਂਕੀਆਂ ਦਿੱਤੀਆਂ ਸਨ। ਇਸ ਮੌਕੇ ਸੁਰਜੀਤ ਸਿੰਘ ਸ਼ੰਟੀ, ਵਾਈਸ ਚੇਅਰਮੈਨ ਹਰਜਿੰਦਰ ਸਿੰਘ, ਪੰਚਾਇਤ ਸੈਕਟਰੀ ਜਸਵਿੰਦਰ ਸਿੰਘ ਤੇ ਇਲਾਕੇ ਦੇ ਕਈ ਪੰਚ-ਸਰਪੰਚ ਤੇ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।



ਸੁਲਤਾਨਪੁਰ ਲੋਧੀ ਵਿਖੇ ਪਿੰਡਾਂ ਲਈ ਸਟੀਲ ਦੀਆਂ ਟੈਂਕੀਆਂ ਨੂੰ ਰਵਾਨਾ ਕਰਦੇ ਹੋਏ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ। ਤਸਵੀਰ. ਲਾਡੀ ਸਟੂਡੀਓ

# ਸ਼ੀਂਹ ਮਾਰ ਗੋਤ ਸਤੀ ਮਾਤਾ ਦਾ ਮੇਲਾ 22 ਨੂੰ

ਬੀਣੇਵਾਲ, 19 ਅਕਤੂਬਰ (ਬੈਜ ਚੌਧਰੀ)-ਸੀਂਹਮਾਰ ਗੋਤ ਦੀ ਸਤੀ ਮਾਤਾ ਦੇ ਦਰਬਾਰ 'ਤੇ ਸਾਲਾਨਾ ਮੇਲਾ ਤੇ ਭੰਡਾਰਾ ਪਿੰਡ ਰਤਨਪੁਰ (ਕਾਨੇਵਾਲ) 'ਚ 22 ਅਕਤੂਬਰ ਨੂੰ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਕਮੇਟੀ ਦੇ ਸਕੱਤਰ ਜੋਗ ਨਾਥ ਨੈਣਵਾਂ ਨੇ ਦੱਸਿਆ ਕਿ ਪੰਮਾ ਮਿਊਜ਼ਿਕਲ ਗਰੁੱਪ ਲੁਧਿਆਣਾ (ਸੋਢੀਆਂ ਵਾਲੇ) ਵਲੋਂ ਮੇਲੇ 'ਚ ਮਾਤਾ ਦੀਆਂ ਭੇਟਾਂ ਭਜਨ ਗਾ ਕੇ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ।



ਜਲੰਧਰ ਇੰਟਰਪ੍ਰਾਈਜ਼ਜ਼ ਦੇ ਐਮ.ਡੀ. ਮਨਮੋਹਨ ਸਿੰਘ ਕੁੰਦਨ ਟੀ.ਵੀ. ਵਾਲੇ ਇਲੈੱਕਟ੍ਰਾਨਿਕ ਉਤਪਾਦਾਂ 'ਤੇ ਲਗਾਈ ਗਈ ਦੀਵਾਲੀ ਸੇਲ ਮੌਕੇ ਗ੍ਰਾਹਕਾਂ ਨੂੰ ਜਾਣਕਾਰੀ ਦਿੰਦੇ ਹੋਏ। ਤਸਵੀਰ. ਲਾਡੀ ਸਟੂਡੀਓ

# ਜਲੰਧਰ ਇੰਟਰਪ੍ਰਾਈਜ਼ਜ਼ ਵਲੋਂ ਸ਼ੁਰੂ ਕੀਤੀ ਦੀਵਾਲੀ ਸੇਲ ਨੂੰ ਗਾਹਕਾਂ ਵਲੋਂ ਭਰਵਾਂ ਹੁੰਗਾਰਾ

ਸੁਲਤਾਨਪੁਰ ਲੋਧੀ, 19 ਅਕਤੂਬਰ (ਥਿੰਦ)-ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਸਥਿਤ ਇਲੈਕਟ੍ਰੋਨਿਕ ਉਤਪਾਦਾਂ ਦੇ ਸਭ ਤੋਂ ਵੱਡੇ ਤੇ ਭਰੋਸੇਮੰਦ ਸ਼ੋਅ ਰੂਮ ਜਲੰਧਰ ਇੰਟਰਪ੍ਰਾਈਜ਼ਜ਼ ਵਲੋਂ ਦੀਵਾਲੀ ਸੇਲ ਸ਼ੁਰੂ ਕਰਦਿਆਂ ਸਾਰੇ ਹੀ ਇਲੈਕਟ੍ਰੋਨਿਕ ਉਤਪਾਦਾਂ 'ਤੇ ਵਿਸ਼ੇਸ਼ ਛੋਟ ਦਿੱਤੀ ਹੈ। ਇਸ ਸੇਲ ਮੌਕੇ ਗ੍ਰਾਹਕਾਂ ਨੂੰ ਇਲੈੱਕਟ੍ਰਾਨਿਕ ਉਤਪਾਦਾਂ ਦੀ ਖ਼ਰੀਦ ਉੱਪਰ ਗਿਫ਼ਟ ਵੀ ਦਿੱਤੇ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਲੰਧਰ ਇੰਟਰਪ੍ਰਾਈਜ਼ਜ਼ ਦੇ ਐਮ.ਡੀ. ਮਨਮੋਹਨ ਸਿੰਘ ਕੁੰਦਨ ਟੀ.ਵੀ. ਵਾਲਿਆਂ ਨੇ ਦੱਸਿਆ ਕਿ ਉਨ੍ਹਾਂ ਦੇ ਸ਼ੋਅ ਰੂਮ ਵਿਚ ਅੰਤਰਰਾਸ਼ਟਰੀ ਪੱਧਰ ਦੀਆਂ ਇਲੈੱਕਟ੍ਰਾਨਿਕ ਕੰਪਨੀਆਂ ਸੈਮਸੰਗ, ਐਲ.ਜੀ, ਮਿਤਸੁਬਿਸੀ, ਹਿਟੈਚੀ, ਟਾਟਾ, ਉਨੀਡਾ, ਵੀਡੀਓਕੋਣ, ਵਰਲਪੂਲ, ਬੋਸ਼, ਐਫ.ਬੀ.ਆਈ ਆਦਿ ਦੇ ਏ.ਸੀ, ਫ਼ਰਿਜਾਂ, ਵਾਸ਼ਿੰਗ ਮਸ਼ੀਨਾਂ, ਐਲ.ਈ.ਡੀ. ਤੇ ਹੋਰ ਸਮਾਨ ਬਹੁਤ ਹੀ ਵਾਜਬ ਰੇਟਾਂ ਤੇ ਹਰ ਸਮੇਂ ਉਪਲਬਧ ਰਹਿੰਦਾ ਹੈ। ਉਨ੍ਹਾਂ ਨੇ ਕਿਹਾ ਕਿ ਜਲੰਧਰ ਇੰਟਰਪ੍ਰਾਈਜ਼ਜ਼ ਦਾ ਮਕਸਦ ਗਾਹਕਾਂ ਨੂੰ ਤਸੱਲੀਬਖ਼ਸ਼ ਸੇਵਾਵਾਂ ਦੇਣਾ ਹੈ। ਹਰ ਇਲੈਕਟ੍ਰੋਨਿਕ ਉਤਪਾਦ ਦੀ ਸਰਵਿਸ ਗ੍ਰਾਹਕ ਨੂੰ ਉਸ ਦੇ ਘਰ ਤੱਕ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਨੇ ਦੱਸਿਆ ਕਿ ਸਾਰੇ ਇਲੈੱਕਟ੍ਰਾਨਿਕ ਉਤਪਾਦਾਂ ਉੱਪਰ ਗ੍ਰਾਹਕਾਂ ਨੂੰ ਫਾਈਨੈਂਸ ਦੀ ਸਹੂਲਤ ਵੀ ਬਾਜ਼ਾਰ ਨਾਲੋਂ ਸਸਤੇ ਰੇਟਾਂ ਤੇ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਹ ਸੇਲ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੱਕ ਚੱਲੇਗੀ, ਗ੍ਰਾਹਕ ਇਸ ਦਾ ਫ਼ਾਇਦਾ ਉਠਾ ਸਕਦੇ ਹਨ।

# ਦੀਵਾਲੀ ਮੌਕੇ ਪੁਲਿਸ ਵਲੋਂ ਦੁਕਾਨਦਾਰਾਂ ਨੂੰ ਸਾਮਾਨ ਅੰਦਰ ਰੱਖਣ ਦੀ ਕੀਤੀ ਅਪੀਲ

ਸੁਲਤਾਨਪੁਰ ਲੋਧੀ, 19 ਅਕਤੂਬਰ (ਨਰੇਸ਼ ਹੈਪੀ)-ਸੁਲਤਾਨਪੁਰ ਲੋਧੀ ਦੇ ਬਾਜ਼ਾਰਾਂ ਵਿਚ ਅੱਜ ਪੁਲਿਸ ਵੱਲੋਂ ਵਿਆਪਕ ਚੈਕਿੰਗ ਕੀਤੀ ਗਈ ਤੇ ਦੁਕਾਨਦਾਰਾਂ ਨੂੰ ਸਮਾਨ ਅੰਦਰ ਰੱਖਣ ਦੀ ਅਪੀਲ ਕੀਤੀ ਗਈ। ਜਾਣਕਾਰੀ ਦਿੰਦੇ ਹੋਏ ਏ.ਸੀ.ਪੀ. ਸੁਲਤਾਨਪੁਰ ਲੋਧੀ ਧੀਰੇਂਦਰ ਵਰਮਾ ਨੇ ਦੱਸਿਆ ਕਿ ਐਸ.ਐਸ.ਪੀ. ਕਪੂਰਥਲਾ ਦੇ ਦਿਸ਼ਾ ਨਿਰਦੇਸ਼ਾਂ ਤੇ ਪੁਲਿਸ ਵੱਲੋਂ ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਸਬ ਡਵੀਜ਼ਨ ਵਿਚ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਤੇ ਟਰੈਫ਼ਿਕ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੁਲਿਸ ਵੱਲੋਂ ਵੱਖ-ਵੱਖ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਉਨ੍ਹਾਂ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਸਮਾਨ ਦੁਕਾਨ ਦੇ ਅੰਦਰ ਹੀ ਲਗਾਉਣ ਤਾਂ ਜੋ ਕੋਈ ਟਰੈਫ਼ਿਕ ਦੀ ਸਮੱਸਿਆ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਲਗਾਤਾਰ ਅਜਿਹੀਆਂ ਕਾਰਵਾਈਆਂ ਜਾਰੀ ਰੱਖੀਆਂ ਜਾਣਗੀਆਂ ਤੇ ਤਿਉਹਾਰਾਂ ਦੇ ਮੱਦੇਨਜ਼ਰ ਸ਼ਰਾਰਤੀ ਅਨਸਰਾਂ ਤੇ ਵੀ ਨਜ਼ਰ ਰੱਖੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਦੀਵਾਲੀ ਅਤੇ ਹੋਰ ਤਿਉਹਾਰਾਂ ਨੂੰ ਲੈ ਕੇ ਜਿੱਥੇ ਬਾਜ਼ਾਰਾਂ ਵਿਚ ਭੀੜ ਵੇਖਣ ਨੂੰ ਮਿਲ ਰਹੀ ਹੈ ਤੇ ਵੱਡੀ ਗਿਣਤੀ ਵਿਚ ਸ਼ਹਿਰੀ ਤੇ ਪੇਂਡੂ ਇਲਾਕਿਆਂ ਦੇ ਲੋਕ ਖ਼ਰੀਦਦਾਰੀ ਕਰਨ ਬਾਜ਼ਾਰਾਂ ਵਿਚ ਪਹੁੰਚ ਰਹੇ ਹਨ ਉੱਥੇ ਹੀ ਕਿਸੇ ਵੀ ਤਰ੍ਹਾਂ ਦੀ ਅਣਸੁਖਾਂਵੀ ਘਟਨਾ ਨੂੰ ਰੋਕਣ ਲਈ ਪੁਲਿਸ ਵੀ ਲਗਾਤਾਰ ਮੁਸਤੈਦ ਨਜ਼ਰ ਆ ਰਹੀ ਹੈ। ਇਸ ਮੌਕੇ ਥਾਣਾ ਮੁਖੀ ਇੰਸ: ਸੋਨਮਦੀਪ ਕੌਰ, ਏ.ਐਸ.ਆਈ. ਕਮਲਜੀਤ ਸਿੰਘ, ਏ.ਐਸ.ਆਈ. ਪੂਰਨ ਚੰਦ, ਰੀਡਰ ਮਨਜਿੰਦਰ ਸਿੰਘ, ਏ.ਐਸ.ਆਈ. ਜੋਗਿੰਦਰ ਸਿੰਘ, ਏ.ਐਸ.ਆਈ. ਅਮਰੀਕ ਸਿੰਘ ਆਦਿ ਵੀ ਮੌਜੂਦ ਸਨ।



ਦੁਕਾਨਦਾਰਾਂ ਨੂੰ ਸਮਾਨ ਅੰਦਰ ਰੱਖਣ ਦੀ ਅਪੀਲ ਕਰਦੇ ਹੋਏ ਏ.ਸੀ.ਪੀ. ਸੁਲਤਾਨਪੁਰ ਲੋਧੀ ਧੀਰੇਂਦਰ ਵਰਮਾ, ਥਾਣਾ ਮੁਖੀ ਇੰਸ: ਸੋਨਮਦੀਪ ਕੌਰ ਤੇ ਪੁਲਿਸ ਪਾਰਟੀ। ਤਸਵੀਰ. ਲਾਡੀ ਸਟੂਡੀਓ



ਬਾਵਾ ਲਾਲਵਾਨੀ ਪਬਲਿਕ ਸਕੂਲ ਕਪੂਰਥਲਾ ਵਿਚ ਕਰਵਾਏ ਗਏ ਹਿੰਦੀ ਕਵਿਤਾ ਵਾਚਣ ਮੁਕਾਬਲੇ ਵਿਚ ਵੱਖ-ਵੱਖ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀ ਸਕੂਲ ਦੀ ਪ੍ਰਿੰਸੀਪਲ ਏਕਤਾ ਧਵਨ ਤੇ ਹੋਰ ਸਟਾਫ਼ ਮੈਂਬਰਾਂ ਨਾਲ। ਅਜੀਤ ਤਸਵੀਰ

# ਬਾਵਾ ਲਾਲਵਾਨੀ ਪਬਲਿਕ ਸਕੂਲ ਵਿਚ ਕਰਵਾਇਆ ਹਿੰਦੀ ਕਵਿਤਾ ਵਾਚਣ ਮੁਕਾਬਲਾ

ਕਪੂਰਥਲਾ, 19 ਅਕਤੂਬਰ (ਵਿ.ਪ੍ਰ.)-ਬਾਵਾ ਲਾਲਵਾਨੀ ਪਬਲਿਕ ਸਕੂਲ ਕਪੂਰਥਲਾ ਦੇ ਨਰਸਰੀ ਤੇ ਕਿੰਡਰ ਗਾਰਟਨ ਦੇ ਵਿਦਿਆਰਥੀਆਂ ਦਾ ਹਿੰਦੀ ਕਵਿਤਾ ਵਾਚਣ ਮੁਕਾਬਲਾ ਕਰਵਾਇਆ ਗਿਆ। ਜਿਸ ਵਿਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੁਕਾਬਲੇ ਵਿਚ ਤਨੀਰਾ ਕੌਰ, ਮਹਿਰੀਨ ਕੌਰ ਤੇ ਆਈਜ਼ਾ ਕੱਲਣ ਨੇ ਪਹਿਲਾ, ਲਾਵਣਿਆ, ਪ੍ਰਿਯਾਂਸ਼ੀ, ਅਸਲੇਸ਼ਾ ਬੱਬਰ ਨੇ ਦੂਜਾ, ਯਾਸ਼ਿਕਾ, ਮਨਸੀਰਤ ਕੌਰ ਬੱਧਾਨ ਤੇ ਨਾਈਰਾ ਨੇ ਤੀਜਾ ਸਥਾਨ ਲਿਆ। ਸਕੂਲ ਦੀ ਪ੍ਰਿੰਸੀਪਲ ਏਕਤਾ ਧਵਨ ਨੇ ਇਸ ਮੁਕਾਬਲੇ ਵਿਚ ਵੱਖ-ਵੱਖ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਇਸ ਮੁਕਾਬਲੇ ਵਿਚ ਵਿਦਿਆਰਥੀਆਂ ਨੇ ਕਲਾ, ਭਾਸ਼ਾ ਪ੍ਰਤੀ ਰੁਚੀ ਤੇ ਸਵੈ ਅਭਿਆਸ ਨੂੰ ਨੂੰ ਉਤਸ਼ਾਹਿਤ ਕੀਤਾ ਹੈ। ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ ਹਿੰਦੀ ਕਵਿਤਾ ਵੀ ਪੇਸ਼ ਕੀਤੀ।